# ਦਫ਼ਤਰ ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ

ਛੇਵੀਂ ਮੰਜ਼ਿਲ, ਈ. ਬਲਾਕ, ਪੰਜਾਬ ਸਕੂਲ ਸਿੱਖਿਆ ਬੋਰਡ, ਫੇਜ਼-8, ਮੋਹਾਲੀ

---

ਵੱਲ

ਸਮੂਹ ਜ਼ਿਲਾ ਸਿੱਖਿਆ ਅਫ਼ਸਰ (ਸੈ.ਸਿ/ਐ.ਸਿ.)
ਸਮੂਹ ਸਕੂਲ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ: Training/2018/49152 ਮਿਤੀ: 12.10.2018

**ਵਿਸ਼ਾ:- ਸਕੂਲਾਂ ਵਿੱਚ Buddy Group ਸਿਸਟਮ ਲਾਗੂ ਕਰਨ ਸਬੰਧੀ ਹਦਾਇਤਾਂ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਮਿਆਰੀ ਅਤੇ ਗੁਣਵੱਤਾ ਸਿੱਖਿਆ ਪ੍ਰਦਾਨ ਕਰਨ ਲਈ ਵਿਭਾਗ ਵੱਲੋਂ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਜਾ ਰਹੇ ਹਨ। ਇਨ੍ਹਾਂ ਉਪਰਾਲਿਆਂ ਤਹਿਤ ਵਿਦਿਆਰਥੀਆਂ ਦੀ ਸਿੱਖਣ-ਸਿਖਾਉਣ ਦੀ ਕਲਾ ਵਿੱਚ ਵਾਧਾ ਕਰਨ, ਸਕੂਲਾਂ ਵਿੱਚ ਵਿਦਿਅਕ ਅਤੇ ਗੈਰ-ਵਿਦਿਅਕ ਗਤੀਵਿਧੀਆਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਹਿੱਤ ਅਤੇ ਹਰੇਕ ਵਿਦਿਆਰਥੀ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਸਕੂਲ ਸਿੱਖਿਆ ਵਿਭਾਗ, ਵੱਲੋਂ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ Buddy Group ਸਿਸਟਮ ਲਾਗੂ ਕਰਨ ਦਾ ਫ਼ੈਸਲਾ ਲਿਆ ਗਿਆ ਹੈ ਜਿਸ ਦਾ ਮੁੱਖ ਮੰਤਵ:

- 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਨਾਲ ਸਬੰਧਤ ਗਤੀਵਿਧੀਆਂ ਨੂੰ ਸੁਚਾਰੂ ਰੂਪ ਵਿੱਚ ਲਾਗੂ ਕਰਨਾ ਅਤੇ ਨਿਰਧਾਰਿਤ ਟੀਚਿਆਂ ਨੂੰ ਪੂਰਤੀ ਲਈ ਪੁਰਜ਼ੋਰ ਉਪਰਾਲੇ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਅੰਦਰ Peer Learning, ਮਿਲਵਰਤਨ ਅਤੇ Team Work ਦੀ ਭਾਵਨਾ ਪੈਦਾ ਕਰਨਾ ਅਤੇ ਵਿਦਿਆਰਥੀਆਂ ਨੂੰ ਅੰਗਰੇਜੀ ਬੋਲਣ ਲਈ ਪ੍ਰੋਤਸਾਹਿਤ ਕਰਨਾ।
- ਇਸ ਤੋਂ ਇਲਾਵਾ ਬੋਰਡ ਦੀਆਂ ਸਲਾਨਾ ਪ੍ਰੀਖਿਆਵਾਂ ਦੀ ਤਿਆਰੀ, ਚੰਗੇ ਅੰਕ ਪ੍ਰਾਪਤ ਕਰਨ ਅਤੇ ਵਿਦਿਆਰਥੀਆਂ ਨੂੰ ਮੈਰਿਟ ਵਿੱਚ ਲਿਆਉਣ ਲਈ ਪ੍ਰੋਤਸਾਹਿਤ ਕਰਨਾ।
- NMMS, NTSE, PSTSE, NAS ਆਦਿ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ।
- ਵਿਦਿਆਰਥੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਖੇਡਾਂ ਪ੍ਰਤੀ ਰੂਚੀ ਪੈਦਾ ਕਰਨਾ।
- ਵਿਦਿਆਰਥੀਆਂ ਵਿੱਚ ਵੱਖ ਵੱਖ ਗਤੀਵਿਧੀਆਂ ਲਈ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਅਤੇ ਉਹਨਾਂ ਵਿੱਚ ਆਤਮ ਵਿਸਵਾਸ਼ ਪੈਦਾ ਕਰਨਾ।

Scanned by CamScanner

- ਵਿਦਿਆਰਥੀਆਂ ਨੂੰ ਆਪਣੀ ਜਮਾਤ, ਸਕੂਲ ਅਤੇ ਆਲੇ-ਦੁਆਲੇ ਦੀ ਸਫ਼ਾਈ ਪ੍ਰਤੀ ਜਾਗਰੂਕ ਕਰਨਾ।
- ਵਿਦਿਆਰਥੀਆਂ ਵਿੱਚ ਲੀਡਰਸ਼ਿਪ, ਸਵੈ-ਅਨੁਸ਼ਾਸ਼ਨ ਅਤੇ ਜਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ।
- ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਸਕੂਲ ਮੁੱਖੀਆਂ ਵੱਲੋਂ ਇਸ ਗੱਲ ਨੂੰ ਯਕੀਨੀ ਬਣਾਉਣਾ ਕਿ ਸਵੇਰ ਦੀ ਸਭਾ ਵਿੱਚ ਹਫਤੇ ਵਿੱਚ ਘੱਟੋ-ਘੱਟ ਇੱਕ ਦਿਨ ਸਕੂਲਾਂ ਵਿੱਚ ਬਣਾਏ Buddy Groups ਨੂੰ ਸੀਨੀਅਰ Buddy ਵੱਲੋਂ How To Say No To Drugs ਬਾਰੇ ਜਾਗਰੂਕ ਕਰਨਾ।
- ਸਮੇਂ ਸਮੇਂ ਤੇ Buddy Groups ਦੇ ਆਪਸ ਵਿੱਚ debate, skit, painting ਆਦਿ ਮੁਕਾਬਲੇ ਕਰਵਾਉਣੇ ਯਕੀਨੀ ਬਣਾਉਣਾ ਜਾਣਾ।

3.0 ਸਕੂਲਾਂ ਵਿੱਚ Buddy Group ਦੀ ਬਣਤਰ ਹੇਠ ਲਿਖੇ ਅਨੁਸਾਰ ਹੋਵੇਗੀ:

- ਮੰਨ ਲਵੋ ਕਲਾਸ ਵਿੱਚ 25 ਵਿਦਿਆਰਥੀ ਹਨ। ਇਹਨਾਂ ਵਿਦਿਆਰਥੀਆਂ ਨੂੰ ਵਿੱਦਿਅਕ ਕਾਰਗੁਜ਼ਾਰੀ (Learning Levels) ਦੇ ਕ੍ਰਮ ਅਨੁਸਾਰ 5 ਗਰੁੱਪਾਂ ਵਿੱਚ ਵੰਡਿਆ ਜਾਵੇ ਅਤੇ ਇਨ੍ਹਾਂ ਗਰੁੱਪਾਂ ਦਾ ਨਾਂ A,B,C,D,E ਰੱਖਿਆ ਜਾਵੇ।
- ਹਰੇਕ A,B,C,D,E ਗਰੁੱਪ ਦਾ ਵਿਦਿਆਰਥੀ ਆਪਣੀ ਮਰਜੀ ਨਾਲ ਇਸ ਤਰ੍ਹਾਂ regroup ਹੋਣਗੇ ਕਿ ਹਰੇਕ ਗਰੁੱਪ ਵਿੱਚ A,B,C,D,E ਗਰੁੱਪਾਂ ਦਾ ਇੱਕ-ਇੱਕ ਵਿਦਿਆਰਥੀ ਸ਼ਾਮਿਲ ਹੋ ਜਾਵੇ।
- ਵਿਦਿਆਰਥੀਆਂ ਨੂੰ regroup ਕਰਨ ਵੇਲੇ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਕਿਸ A,B,C,D,ਜਾਂ E ਗਰੁੱਪ ਵਿੱਚੋਂ ਦੋ ਵਿਦਿਆਰਥੀ regroup ਨਾ ਲਏ ਜਾਣ।

4.0 ਵਿਦਿਆਰਥੀਆਂ ਵਿੱਚ ਗੁਣਾਤਮਕ ਸੁਧਾਰ ਲਈ ਇਸ Buddy Group ਸਿਸਟਮ ਨੂੰ ਜਲਦ ਤੋਂ ਜਲਦ ਸਕੂਲਾਂ ਵਿੱਚ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ।

**ਡਾਇਰੈਕਟਰ**
**ਐਸ.ਸੀ.ਈ.ਆਰ.ਟੀ.,ਪੰਜਾਬ।**

**ਪਿੱਠ ਅੰਕਣ ਨੰ:** ੍ਰ੍ਹ23

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ ਟੂ ਡੀ.ਜੀ.ਐਸ.ਈ, ਪੰਜਾਬ।
3. ਡੀ.ਪੀ.ਆਈ (ਸੈ.ਸਿੱ ਅਤੇ ਐ.ਸਿੱ)
4. ਸਮੂਹ ਬੀ.ਪੀ.ਈ.ਓਜ਼

**ਡਾਇਰੈਕਟਰ**
**ਐਸ.ਸੀ.ਈ.ਆਰ.ਟੀ.,ਪੰਜਾਬ।**

Scanned by CamScanner